ਨਾਇਕੁ ਏਕੁ ਬਨਜਾਰੇ ਪਾਚ ॥ ਬਰਧ ਪਚੀਸਕ ਸੰਗੁ ਕਾਚ ॥ ਨਉ ਬਹੀਆਂ ਦਸ ਗੋਨਿ ਆਹਿ ॥ ਕਸਨਿ ਬਹਤਰਿ ਲਾਗੀ ਤਾਹਿ ॥੧॥ ਮੋਹਿ ਐਸੇ ਬਨਜ ਸਿਉ ਨਹੀਨ ਕਾਜੁ ॥ ਜਿਹ ਘਟੈ ਮੂਲੁ ਨਿਤ ਬਢੈ ਬਿਆਜੁ ॥ ਰਹਾਉ ॥ ਸਾਤ ਸੂਤ ਮਿਲਿ ਬਨਜੁ ਕੀਨ ॥ ਕਰਮ ਭਾਵਨੀ ਸੰਗ ਲੀਨ ॥ ਤੀਨਿ ਜਗਾਤੀ ਕਰਤ ਰਾਰਿ ॥ ਚਲੋ ਬਨਜਾਰਾ ਹਾਥ ਝਾਰਿ ॥੨॥ ਪੂੰਜੀ ਹਿਰਾਨੀ ਬਨਜੁ ਟੂਟ ॥ ਦਹ ਦਿਸ ਟਾਂਡੋ ਗਇਓ ਫੂਟਿ ॥ ਕਹਿ ਕਬੀਰ ਮਨ ਸਰਸੀ ਕਾਜ ॥ ਸਹਜ ਸਮਾਨੋ ਤ ਭਰਮ ਭਾਜ ॥ ੩॥੬॥ {ਪੰਨਾ 1194-1195}

ਪਦਅਰਥ:- ਨਾਇਕੁ—ਸ਼ਾਹ (ਜੀਵ)। ਬਨਜਾਰੇ—ਵਣਜ ਕਰਨ ਵਾਲੇ ਵਪਾਰੀ। ਪਾਚ—ਪੰਜ ਗਿਆਨ ਇੰਦਰੇ। ਬਰਧ—ਬਲਦ। ਪਚੀਸਕ—ਪੰਝੀ (ਪ੍ਰਕ੍ਰਿਤੀਆਂ)। ਸੰਗੁ—ਸਾਥ। ਕਾਚ—ਕੱਚਾ। ਨਉ—ਨੌ ਗੋਲਕਾਂ, ਨੌ ਸੋਤ੍ਰ। ਬਹੀਆਂ—ਚੁਆੜੀਆਂ, ਲੰਮੀਆਂ ਡਾਂਗਾਂ ਜਿਨ੍ਹਾਂ ਦੀ ਸਹਾਇਤਾ ਨਾਲ ਛੱਟਾਂ ਲੱਦੀਦੀਆਂ ਹਨ। ਦਸ—ਗਿਆਨ ਤੇ ਕਰਮ-ਇੰਦਰੇ। ਗੋਨਿ—ਛੱਟਾਂ। ਆਹਿ—ਹਨ। ਕਸਨ—ਕੱਸਣ ਵਾਲੀਆਂ, ਖਿੱਚਣ ਵਾਲੀਆਂ, ਸੇਬੇ, ਰੱਸੀਆਂ ਜਿਨ੍ਹਾਂ ਨਾਲ ਛੱਟਾਂ ਸੀਵੀਂਦੀਆਂ ਹਨ। ਬਹਤਰਿ—ਬਹੱਤਰ ਨਾੜੀਆਂ। ਤਾਹਿ—ਉਹਨਾਂ ਛੱਟਾਂ ਵਿਚ।1।

ਜਿਹ—ਜਿਸ ਵਣਜ ਨਾਲ। ਰਹਾਉ।

ਸਾਤ ਸੂਤ—ਸੂਤ ਸਾਤ (ਆਸਾ ਤ੍ਰਿਸ਼ਨਾ ਆਦਿਕ) ਕਈ ਕਿਸਮਾਂ ਦੇ ਸੂਤਰ ਦਾ। ਮਿਲਿ—(ਪੰਜ ਵਣਜਾਰਿਆਂ ਨੇ) ਮਿਲ ਕੇ। ਕਰਮ ਭਾਵਨੀ—ਕੀਤੇ ਕਰਮਾਂ ਦੇ ਸੰਸਕਾਰ। ਤੀਨਿ—ਤਿੰਨ ਗੁਣ। ਜਗਾਤੀ—ਮਸੂਲੀਏ। ਰਾਰਿ—ਝਗੜਾ। ਚਲੋ—ਤੁਰ ਪਿਆ। ਹਾਥ ਝਾਰਿ—ਹੱਥ ਝਾੜ ਕੇ, ਖ਼ਾਲੀ-ਹੱਥ।2।

ਹਿਰਾਨੀ—ਖੁਹਾ ਲਈ। ਟਾਂਡੋ—ਕਾਫ਼ਲਾ (ਸਰੀਰ)। ਮਨ—ਹੇ ਮਨ! ਸਰਸੀ—ਸੰਵਰੇਗਾ। ਸਹਜ ਸਮਾਨੋ—ਜੇ ਸਹਿਜ ਵਿਚ ਲੀਨ ਹੋਵੇਂਗਾ।3।

ਅਰਥ:- ਮੈਨੂੰ ਅਜਿਹਾ ਵਣਜ ਕਰਨ ਦੀ ਲੋੜ ਨਹੀਂ, ਜਿਸ ਵਣਜ ਦੇ ਕੀਤਿਆਂ ਮੂਲ ਘਟਦਾ ਜਾਏ ਤੇ ਵਿਆਜ ਵਧਦਾ ਜਾਏ (ਭਾਵ, ਜਿਉਂ ਜਿਉਂ ਉਮਰ ਗੁਜ਼ਰੇ ਤਿਉਂ ਤਿਉਂ ਵਿਕਾਰਾਂ ਦਾ ਭਾਰ ਵਧੀ ਜਾਏ)। ਰਹਾਉ।

ਜੀਵ (ਮਾਨੋ) ਇਕ ਸ਼ਾਹ ਹੈ, ਪੰਜ ਗਿਆਨ-ਇੰਦਰੇ (ਇਸ ਸ਼ਾਹ ਦੇ ਨਾਲ) ਵਣਜਾਰੇ ਹਨ। ਪੰਝੀ ਪ੍ਰਕ੍ਰਿਤੀਆਂ (ਕਾਫ਼ਲੇ ਦੇ) ਬਲਦ ਹਨ। ਪਰ ਇਹ ਸਾਰਾ ਸਾਥ ਕੱਚਾ ਹੀ ਹੈ। ਨੌ ਗੋਲਕਾਂ (ਮਾਨੋ) ਚੁਆੜੀਆਂ ਹਨ, ਦਸ ਇੰਦਰੇ ਛੱਟਾਂ ਹਨ, ਬਹੱਤਰ ਨਾੜੀਆਂ (ਛੱਟਾਂ ਸੀਉਣ ਲਈ) ਸੇਬੇ ਹਨ ਜੋ ਇਹਨਾਂ (ਇੰਦਰੇ-ਰੂਪ ਛੱਟਾਂ) ਨੂੰ ਲੱਗੀਆਂ ਹੋਈਆਂ ਹਨ।1।

(ਇਹ ਗਿਆਨ-ਇੰਦਰੇ) ਮਿਲ ਕੇ ਕਈ ਕਿਸਮਾਂ ਦੇ ਸੂਤਰ (ਭਾਵ, ਵਿਕਾਰਾਂ) ਦਾ ਵਣਜ ਕਰ ਰਹੇ ਹਨ, ਕੀਤੇ ਕਰਮਾਂ ਦੇ ਸੰਸਕਾਰਾਂ ਨੂੰ ਇਹਨਾਂ (ਆਪਣੀ ਸਹਾਇਤਾ ਵਾਸਤੇ) ਨਾਲ ਲੈ ਲਿਆ ਹੈ (ਭਾਵ, ਇਹ ਪਿਛਲੇ ਸੰਸਕਾਰ ਹੋਰ ਵਿਕਾਰਾਂ ਵਲ ਪ੍ਰੇਰਦੇ ਜਾ ਰਹੇ ਹਨ)। ਤਿੰਨ ਗੁਣ (-ਰੂਪ) ਮਸੂਲੀਏ (ਹੋਰ) ਝਗੜਾ ਵਧਾਉਂਦੇ ਹਨ, (ਨਤੀਜਾ ਇਹ ਨਿਕਲਦਾ ਹੈ ਕਿ) ਵਣਜਾਰਾ (ਜੀਵ) ਖ਼ਾਲੀ-ਹੱਥ ਤੁਰ ਪੈਂਦਾ ਹੈ।2।

ਜਦੋਂ (ਸੁਆਸਾਂ ਦੀ) ਰਾਸ ਖੁੱਸ ਜਾਂਦੀ ਹੈ, ਤਦੋਂ ਵਣਜ ਮੁੱਕ ਜਾਂਦਾ ਹੈ, ਤੇ ਕਾਫ਼ਲਾ (ਸਰੀਰ) ਦਸੀਂ ਪਾਸੀਂ ਖਿੱਲਰ ਜਾਂਦਾ ਹੈ। ਕਬੀਰ ਆਖਦਾ ਹੈ—ਹੇ ਮਨ! ਜੇ ਤੂੰ ਸਹਿਜ ਅਵਸਥਾ ਵਿਚ ਲੀਨ ਹੋ ਜਾਏਂ ਅਤੇ ਤੇਰੀ ਭਟਕਣਾ ਮੁੱਕ ਜਾਏ ਤਾਂ ਤੇਰਾ ਕੰਮ ਸੰਵਰੇਗਾ।3।6।

ਸ਼ਬਦ ਦਾ ਭਾਵ:- ਮਨੁੱਖ ਨੂੰ ਵਿਕਾਰਾਂ ਦਾ ਵਣਜ ਸਦਾ ਘਾਟੇਵੰਦਾ ਰਹਿੰਦਾ ਹੈ। ਜਿਉਂ ਜਿਉਂ ਉਮਰ ਘਟਦੀ ਜਾਂਦੀ ਹੈ, ਤਿਉਂ ਤਿਉਂ ਵਿਕਾਰਾਂ ਦਾ ਭਾਰ ਵਧਦਾ ਜਾਂਦਾ ਹੈ, ਆਖ਼ਰ ਜੀਵ ਇਥੋਂ ਖ਼ਾਲੀ-ਹੱਥ ਤੁਰ ਪੈਂਦਾ ਹੈ।